# ਪ੍ਰਧਾਨ ਮੰਤਰੀ ਦੀ ਫਰਾਂਸ ਗਣਰਾਜ ਦੇ ਰਾਸ਼ਟਰਪਤੀ ਨਾਲ ਮੁਲਾਕਾਤ

14 ਜੁਲਾਈ, 2023

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ 14 ਜੁਲਾਈ 2023 ਨੂੰ ਪੈਰਿਸ ਦੇ ਐਲੀਸੀ ਪੈਲੇਸ ਵਿਖੇ ਫਰਾਂਸ ਗਣਰਾਜ ਦੇ ਰਾਸ਼ਟਰਪਤੀ ਮਾਣਯੋਗ ਮਿਸਟਰ ਇਮੈਨੁਅਲ ਮੈਕਰੋਨ ਨਾਲ ਮੁਲਾਕਾਤ ਕੀਤੀ।

ਦੋਵਾਂ ਨੇਤਾਵਾਂ ਨੇ ਰੱਖਿਆ ਅਤੇ ਸੁਰੱਖਿਆ, ਸਿਵਲ ਪਰਮਾਣੂ, ਵਿਗਿਆਨ ਅਤੇ ਤਕਨਾਲੋਜੀ, ਊਰਜਾ, ਵਪਾਰ ਅਤੇ ਨਿਵੇਸ਼, ਪੁਲਾੜ, ਜਲਵਾਯੂ ਕਾਰਵਾਈ ਅਤੇ ਲੋਕਾਂ ਨਾਲ ਲੋਕਾਂ ਦੇ ਸਬੰਧਾਂ ਸਮੇਤ ਦੁਵੱਲੇ ਸਹਿਯੋਗ ਦੇ ਵਿਆਪਕ ਖੇਤਰਾਂ 'ਤੇ ਡੂੰਘੀ ਵਿਚਾਰ ਚਰਚਾ ਕੀਤੀ।

ਵਿਚਾਰ-ਵਟਾਂਦਰੇ ਵਿੱਚ ਭਾਰਤ ਦੀ ਜੀ-20 ਪ੍ਰਧਾਨਗੀ, ਹਿੰਦ-ਪ੍ਰਸ਼ਾਂਤ ਸਮੇਤ ਆਪਸੀ ਹਿੱਤਾਂ ਦੇ ਖੇਤਰੀ ਅਤੇ ਅੰਤਰਰਾਸ਼ਟਰੀ ਮੁੱਦਿਆਂ ਨੂੰ ਵੀ ਸ਼ਾਮਲ ਕੀਤਾ ਗਿਆ।

ਅਭਿਲਾਸ਼ੀ ਨਤੀਜਾ ਦਸਤਾਵੇਜ਼, ਜੋ ਕਿ "ਹੋਰਾਈਜ਼ਨ 2047: ਭਾਰਤ-ਫਰਾਂਸ ਰਣਨੀਤਕ ਭਾਈਵਾਲੀ ਦੇ ਭਵਿੱਖ ਨੂੰ ਦਰਸਾਉਂਦਾ" ਅਪਣਾਇਆ ਗਿਆ।

ਪ੍ਰਧਾਨ ਮੰਤਰੀ ਨੇ ਦੱਸਿਆ ਕਿ ਉਹ ਸਤੰਬਰ 2023 ਵਿੱਚ ਜੀ20 ਨੇਤਾਵਾਂ ਦੇ ਸੰਮੇਲਨ ਲਈ ਨਵੀਂ ਦਿੱਲੀ ਵਿੱਚ ਰਾਸ਼ਟਰਪਤੀ ਮੈਕਰੋਨ ਦਾ ਸੁਆਗਤ ਕਰਨ ਲਈ ਉਤਸੁਕ ਹਨ।

**ਪੈਰਿਸ**
**14 ਜੁਲਾਈ, 2023**